# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 10-03-2024**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕੇਂਦਰੀ ਸ਼ਹਿਰੀ ਹਵਾਬਾਜ਼ੀ ਮੰਤਰੀ ਜੋਤਿਰਾਦਿਤੀਆ ਸਿੰਧੀਆ ਅਤੇ ਸ਼ਹਿਰੀ ਹਵਾਬਾਜ਼ੀ ਰਾਜ ਮੰਤਰੀ ਜਨਰਲ ਰਿਟਾਇਰਡ ਡਾਕਟਰ ਵਿਜੈ ਕੁਮਾਰ ਸਿੰਘ ਦੀ ਮੌਜੂਦਗੀ ਵਿਚ ਅੱਜ ਆਦਮਪੁਰ ਸਮੇਤ ਦੇਸ਼ ਦੀਆਂ 14 ਹੋਰ ਥਾਂਵਾਂ ਤੇ ਵੀ ਹਵਾਈ ਅੱਡਿਆਂ ਦਾ ਵਰਚੁਅਲ ਮਾਧਿਅਮ ਰਾਹੀਂ ਉਦਘਾਟਨ ਕੀਤਾ ਅਤੇ ਨੀਂਹ ਪੱਥਰ ਰੱਖਿਆ। ਇਨਾਂ ਪ੍ਰੋਜੈਕਟਾਂ ਦੀ ਕੁਲ ਲਾਗਤ 9 ਹਜ਼ਾਰ 811 ਕਰੋੜ ਰੁਪਏ ਏ। ਇਸ ਮੌਕੇ ਤੇ ਆਦਮਪੁਰ ਹਵਾਈ ਅੱਡੇ ਤੇ ਹੋਏ ਇਕ ਸਮਾਗਮ ਦੌਰਾਨ ਕੇਂਦਰੀ ਵਣਜ ਤੇ ਸਨਅਤ ਰਾਜ ਮੰਤਰੀ ਸੋਮ ਪ੍ਰਕਾਸ਼, ਪੰਜਾਬ ਦੇ ਸਥਾਨਕ ਸਰਕਾਰਾਂ ਬਾਰੇ ਮੰਤਰੀ ਬਲਕਾਰ ਸਿੰਘ, ਜਲੰਧਰ ਲੋਕ ਸਭ ਹਲਕੇ ਤੋਂ ਸਾਂਸਦ ਸ਼ੁਸ਼ੀਲ ਕੁਮਾਰ ਰਿੰਕੂ, ਰਾਜ ਸਭਾ ਮੇਂਬਰ ਅਸ਼ੋਕ ਮਿੱਤਲ, ਹਰਭਜਨ ਸਿੰਘ ਤੇ ਬਲਬੀਰ ਸਿੰਘ ਸੀਚੇਵਾਲ ਅਤੇ

ਆਦਮਪੁਰ ਹਲਕੇ ਤੋਂ ਵਿਧਾਇਕ ਸੁਖਵਿੰਦਰ ਸਿੰਘ ਕੋਟਲੀ ਵੀ ਮੌਜੂਦ ਰਹੇ।

-------------------------------------------------------

ਪੰਜਾਬ ਸਰਕਾਰ ਪੱਲੇਦਾਰਾਂ ਨੂੰ ਦਰਪੇਸ਼ ਸਮੱਸਿਆਵਾਂ ਸਰਗਰਮੀ ਨਾਲ ਹੱਲ ਕਰਨ ਲਈ ਯਤਨਸ਼ੀਲ ਏ ਕਿਉਂਕਿ ਉਹ ਕਣਕ ਤੇ ਝੋਨੇ ਦੇ ਸੀਜ਼ਨ ਨੂੰ ਸਫ਼ਲ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਨੇ । ਚੰਡੀਗੜ੍ਹ ਵਿੱਚ ਕੱਲ ਹੋਈ ਮੰਤਰੀਆਂ ਦੀ ਕਮੇਟੀ ਦੀ ਇਕ ਮੀਟਿੰਗ ਵਿੱਚ ਇਹ ਗੱਲ ਆਖੀ ਗਈ । ਮੀਟਿੰਗ ਵਿੱਚ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਅਤੇ ਖੁਰਾਕ, ਸਿਵਲ ਸਪਲਾਈ ਤੇ ਖ਼ਪਤਕਾਰ ਮਾਮਲਿਆਂ ਬਾਰੇ ਮੰਤਰੀ ਲਾਲ ਚੰਦ ਕਟਾਰੂਚੱਕ ਅਤੇ ਸਾਂਝੀ ਪੱਲੇਦਾਰ ਮਜ਼ਦੂਰ ਯੂਨੀਅਨ ਪੰਜਾਬ ਦੇ ਨੁਮਾਏਂਦੇ ਸ਼ਾਮਲ ਹੋਏ । ਇਸ ਮੀਟਿੰਗ ਦੌਰਾਨ ਇਕ ਕਮੇਟੀ ਬਣਾਉਣ ਦਾ ਅਹਿਮ ਫੈਸਲਾ ਲਿਆ ਗਿਆ। ਇਸ ਕਮੇਟੀ ਵਿੱਚ ਖੁਰਾਕ, ਸਿਵਲ ਸਪਲਾਈ ਤੇ ਖਪਤਕਾਰ ਮਾਮਲੇ, ਵਿੱਤ ਅਤੇ ਕਿਰਤ ਵਿਭਾਗਾਂ ਦੇ ਨੁਮਾਇੰਦਿਆਂ ਦੇ ਨਾਲ-ਨਾਲ ਪੱਲੇਦਾਰ ਯੂਨੀਅਨ, ਐਫ.ਸੀ.ਆਈ., ਦੇ ਨੁਮਾਇੰਦੇ ਅਤੇ ਕਾਨੂੰਨੀ ਮਾਹਿਰ ਸ਼ਾਮਲ ਹੋਣਗੇ ਜਿਹੜੇ ਪੱਲੇਦਾਰਾਂ ਨੂੰ

ਦਰਪੇਸ਼ ਸਮੱਸਿਆਵਾਂ ਦੀ ਪਛਾਣ ਕਰਕੇ ਨਿਰਧਾਰਤ ਸਮੇਂ ਸੀਮਾ ਵਿੱਚ ਇਹਨਾਂ ਦਾ ਹੱਲ ਕਰੇਗੀ।

---------------------------------------------------------

ਭਾਰਤ ਸਰਕਾਰ ਦੇ ਸਿੱਖਿਆ ਮੰਤਰਾਲੇ ਦੀ ਪਹਿਲਕਦਮੀ 'ਏਕ ਭਾਰਤ ਸ੍ਰੇਸ਼ਠ ਭਾਰਤ' ਤਹਿਤ 'ਯੁਵਾ ਸੰਗਮ - ਵਿਦਿਆਰਥੀ ਆਦਾਨ-ਪ੍ਰਦਾਨ ਪ੍ਰੋਗਰਾਮ' ਦੇ ਹਿੱਸੇ ਵਜੋਂ ਪੰਜਾਬ ਕੇਂਦਰੀ ਯੂਨੀਵਰਸਿਟੀ ਬਠਿੰਡਾ ਵਿਖੇ ਝਾਰਖੰਡ ਤੋਂ ਪੰਜਾਬ ਦੇ ਐਕਸਪੋਜ਼ਰ ਦੌਰੇ ਲਈ ਕੱਲ੍ਹ ਆਏ 51 ਵਿਦਿਆਰਥੀਆਂ ਅਤੇ ਆਈ.ਆਈ.ਐਮ. ਰਾਂਚੀ ਦੇ ਫੈਕਲਟੀ ਮੈਂਬਰਾਂ ਦੇ ਗਰੁੱਪ ਦਾ ਨਿੱਘਾ ਸਵਾਗਤ ਕੀਤਾ ਗਿਆ। ਵੇਰਵੇ ਨਾਲ ਇਹ ਰਿਪੋਰਟ:

*ਡਿਸਪੈਚ: ਯੁਵਾ ਸੰਗਮ ਟੂਰ ਅਧੀਨ ਝਾਰਖੰਡ ਦੇ ਨੌਜਵਾਨਾਂ ਦਾ ਇਹ ਗਰੁੱਪ 9 ਤੋਂ 14 ਮਾਰਚ ਤੱਕ ਪੰਜਾਬ ਦੇ ਵੱਖ-ਵੱਖ ਸ਼ਹਿਰਾਂ ਦਾ ਦੌਰਾ ਕਰੇਗਾ। ਵਾਈਸ-ਚਾਂਸਲਰ ਪ੍ਰੋ. ਰਾਘਵੇਂਦਰ ਪ੍ਰਸਾਦ ਤਿਵਾਰੀ ਅਤੇ ਸਮੁੱਚੇ ਸਟਾਫ ਨੇ ਆਏ ਮਹਿਮਾਨਾਂ ਦਾ ਢੋਲ ਨਗਾੜੇ ਨਾਲ ਨਿੱਘਾ ਸਵਾਗਤ ਕੀਤਾ। ਪ੍ਰੋ. ਤਿਵਾਰੀ ਨੇ ਉਹਨਾਂ ਨੂੰ ਸਿੱਖ ਇਤਿਹਾਸ ਵਿਸ਼ੇਸ਼ ਕਰ ਗੁਰੂਆਂ ਦੀਆਂ ਕੁਰਬਾਨੀਆਂ ਤੋਂ ਜਾਣੂ ਕਰਵਾਇਆ ਜਿਨ੍ਹਾਂ ਨੇ ਮਨੁੱਖਤਾ ਨੂੰ ਉੱਚੇ ਪੱਧਰ 'ਤੇ ਲਿਜਾਣ ਲਈ ਮਾਰਗ ਦਰਸ਼ਨ ਪ੍ਰਦਾਨ ਕੀਤਾ ਏ। ਉਨਾਂ ਕਿਹਾ ਕਿ ਯੁਵਾ ਸੰਗਮ ਭਾਰਤ ਸਰਕਾਰ ਦੇ ਸਿੱਖਿਆ ਮੰਤਰਾਲੇ ਵੱਲੋਂ ਦੇਸ਼ ਦੇ ਵੱਖ-ਵੱਖ ਸੂਬਿਆਂ ਦੇ ਨੌਜਵਾਨਾਂ ਵਿਚਕਾਰ ਸਬੰਧਾਂ ਨੂੰ ਮਜ਼ਬੂਤ ਕਰਨ ਲਈ ਇੱਕ ਮਹੱਤਵਪੂਰਨ ਪਹਿਲ ਏ। ਆਈ.ਆਈ.ਐਮ. ਰਾਂਚੀ ਤੋਂ ਡਾ. ਪ੍ਰਸ਼ਾਂਤ ਮੌਰੀਆ ਨੇ ਦੱਸਿਆ ਕਿ ਝਾਰਖੰਡ ਦੇ ਨੌਜਵਾਨਾਂ ਦੇ ਇਸ ਗਰੁੱਪ ਵਿੱਚ ਸਾਰੇ ਨੌਜਵਾਨ ਪਹਿਲੀ ਵਾਰ ਪੰਜਾਬ ਦੌਰੇ ਤੇ ਆਏ ਨੇ ਅਤੇ ਬਹੁਤ ਉਤਸ਼ਾਹਿਤ ਨੇ। ਯਕੀਨਨ ਯੁਵਾ ਸੰਗਮ ਟੂਰ ਝਾਰਖੰਡ ਦੇ ਨੌਜਵਾਨਾਂ ਨੂੰ ਪੰਜਾਬ ਦੇ ਉੱਚ ਸੱਭਿਆਚਾਰ ਅਤੇ ਸਮਾਜਿਕ ਕਦਰਾਂ-ਕੀਮਤਾਂ ਤੋਂ ਨੇੜਿਓਂ ਜਾਣੂ ਹੋਣ ਦਾ ਮੌਕਾ ਪ੍ਰਦਾਨ ਕਰੇਗਾ।*

*ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ, ਜਲੰਧਰ।*

---

ਚੋਣਾਂ ਵਿੱਚ ਨੌਜਵਾਨਾਂ ਦੀ ਸ਼ਮੂਲੀਅਤ ਯਕੀਨੀ ਬਣਾਉਣ ਲਈ ਦੇਸ਼ ਭਰ ਵਿੱਚ ਵਿਆਪਕ ਵੋਟਰ ਜਾਗਰੂਕਤਾ ਮੁਹਿੰਮ - 'ਮੇਰਾ ਪਹਿਲਾ ਵੋਟ ਦੇਸ਼ ਕੇ ਲਿਏ' ਚਲਾਈ ਜਾ ਰਹੀ ਏ। ਇਸ ਪਹਿਲਕਦਮੀ ਦਾ ਮੁੱਖ ਉਦੇਸ਼ ਖਾਸ ਤੌਰ ਤੇ ਨੌਜਵਾਨ ਵੋਟਰਾਂ ਨੂੰ ਵੋਟ ਪਾਉਣ ਲਈ ਉਤਸ਼ਾਹਿਤ ਕਰਨਾ ਏ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਹਰ ਵਰਗ ਦੇ ਲੋਕਾਂ ਨੂੰ ਪਹਿਲੀ ਵਾਰ ਵੋਟ ਪਾਉਣ ਵਾਲੇ ਵੋਟਰਾਂ ਵਿੱਚ 'ਮੇਰਾ ਪਹਿਲਾ ਵੋਟ ਦੇਸ਼ ਕੇ ਲਿਏ' ਮੁਹਿੰਮ ਬਾਰੇ ਸੰਦੇਸ਼ ਫੈਲਾਉਣ ਦੀ ਅਪੀਲ ਕੀਤੀ ਏ। ਇਸਨੂੰ ਲੈਕੇ ਨੌਜਵਾਨਾਂ ਵਿਚ ਉਤਸ਼ਾਹ ਏ।

---

ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਜੱਜ ਅਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਕਾਰਜਕਾਰੀ ਚੇਅਰਮੈਨ ਜਸਟਿਸ ਗੁਰਮੀਤ ਸਿੰਘ ਸੰਧਾਵਾਲੀਆ ਦੀ ਅਗਵਾਈ ਹੇਠ ਕੱਲ੍ਹ ਸੂਬੇ ਭਰ ਵਿੱਚ ਕੌਮੀ ਲੋਕ ਅਦਾਲਤ ਲਗਾਈ ਗਈ। ਇਸ ਲੋਕ ਅਦਾਲਤ ਵਿੱਚ ਕੁੱਲ 403 ਬੈਂਚਾਂ ਵਿੱਚ ਕੋਈ 3.55 ਲੱਖ ਕੇਸ ਸੁਣਵਾਈ ਲਈ ਪੇਸ਼ ਹੋਏ।

ਇਸ ਵਿਚ ਦੀਵਾਨੀ ਕੇਸ, ਘਰੇਲੂ ਝਗੜੇ, ਜਾਇਦਾਦ ਦੇ ਝਗੜੇ, ਚੈੱਕ ਬਾਊਂਸ ਦੇ ਕੇਸ, ਮਜ਼ਦੂਰੀ ਸਬੰਧੀ ਮਾਮਲੇ, ਕ੍ਰਿਮੀਨਲ ਕੰਪਾਊਂਡੇਬਲ ਕੇਸ, ਵੱਖ-ਵੱਖ ਐਫ.ਆਈ.ਆਰਜ਼ ਦੀਆਂ ਕੈਂਸਲੇਸ਼ਨ/ਅਣਟ੍ਰੇਸਡ ਰਿਪੋਰਟਾਂ ਆਦਿ ਨਾਲ ਸਬੰਧਤ ਲੰਬੇ ਸਮੇਂ ਤੋਂ ਲਟਕਦੇ ਆ ਰਹੇ ਮਾਮਲਿਆਂ ’ਤੇ ਸੁਣਵਾਈ ਕੀਤੀ ਗਈ । ਇਸ ਮੌਕੇ ਮਨਜਿੰਦਰ ਸਿੰਘ ਜ਼ਿਲ੍ਹਾ ਤੇ ਸੈਸ਼ਨ ਜੱਜ ਅਤੇ ਮੈਂਬਰ ਸਕੱਤਰ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਕੋਰਟ ਕੰਪਲੈਕਸ ਰੋਪੜ ਤੇ ਹੁਸ਼ਿਆਰਪੁਰ ਦਾ ਦੌਰਾ ਕਰਕੇ ਲੋਕ ਅਦਾਲਤਾਂ ਦੇ ਬੈਚਾਂ ਦਾ ਨਿਰੀਖਣ ਕੀਤਾ ਗਿਆ । ਉਨ੍ਹਾਂ ਦੱਸਿਆ ਕਿ ਇਸ ਕੌਮੀ ਲੋਕ ਅਦਾਲਤ ਦਾ ਮੁੱਖ ਮੰਤਵ ਆਪਸੀ ਸਮਝੌਤੇ ਰਾਹੀਂ ਝਗੜਿਆਂ ਦਾ ਨਿਪਟਾਰਾ ਕਰਵਾਉਣਾ ਰਿਹਾ । ਉਨ੍ਹਾਂ ਕਿਹਾ ਕਿ ਲੋਕਾਂ ਨੂੰ ਬਦਲਵੇਂ ਝਗੜਾ ਨਿਵਾਰਣ ਕੇਂਦਰਾਂ ਰਾਹੀਂ ਝਗੜਿਆਂ ਦਾ ਨਿਪਟਾਰਾ ਕਰਵਾਉਣਾ ਚਾਹੀਦਾ ਏ ਕਿਉਂ ਜੋ ਇਸ ਨਾਲ ਲੋਕਾਂ ਦੇ ਕੀਮਤੀ ਸਮੇਂ ਅਤੇ ਪੈਸੇ ਦੀ ਬੱਚਤ ਹੁੰਦੀ ਏ ।